# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ:19-03-2024**

- ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਨੋਟੀਫਿਕੇਸ਼ਨ ਭਲਕੇ 20 ਮਾਰਚ ਨੂੰ ਜਾਰੀ ਕੀਤਾ ਜਾਵੇਗਾ। ਇਸ ਗੇੜ ਵਿੱਚ 17 ਸੂਬਿਆਂ ਅਤੇ ਚਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 120 ਲੋਕ ਸਭਾ ਸੀਟਾਂ ਲਈ ਚੋਣਾਂ ਹੋਣਗੀਆਂ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਸੁਤੰਤਰ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਯਕੀਨੀ ਬਣਾਉਣ ਲਈ ਆਦਰਸ਼ ਚੋਣ ਜ਼ਾਬਤੇ ਨੂੰ ਸਹੀ ਤੇ ਸੁਚੱਜੇ ਢੰਗ ਨਾਲ ਲਾਗੂ ਕਰਨ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ ਏ।
- ਅਮਰੀਕਾ ਵਿਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ।

---

ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਨੋਟੀਫਿਕੇਸ਼ਨ ਭਲਕੇ 20 ਮਾਰਚ ਨੂੰ ਜਾਰੀ ਕੀਤਾ ਜਾਵੇਗਾ। ਇਸ ਗੇੜ ਵਿੱਚ 17 ਸੂਬਿਆਂ ਅਤੇ ਚਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 120 ਲੋਕ ਸਭਾ ਸੀਟਾਂ ਲਈ ਚੋਣਾਂ ਹੋਣਗੀਆਂ। ਪਹਿਲੇ ਗੇੜ ਵਿੱਚ ਤਾਮਿਲਨਾਡੂ ਤੋਂ 39, ਰਾਜਸਥਾਨ ਤੋਂ 12, ਉੱਤਰ ਪ੍ਰਦੇਸ਼ ਤੋਂ 8, ਮੱਧ ਪ੍ਰਦੇਸ਼ ਤੋਂ 6, ਉੱਤਰਾਖੰਡ, ਅਸਾਮ ਅਤੇ ਮਹਾਰਾਸ਼ਟਰ ਤੋਂ ਪੰਜ - ਪੰਜ, ਬਿਹਾਰ ਤੋਂ ਚਾਰ, ਪੱਛਮੀ ਬੰਗਾਲ ਤੋਂ ਤਿੰਨ, ਅਰੁਣਾਚਲ ਪ੍ਰਦੇਸ਼, ਮਣੀਪੁਰ ਅਤੇ ਮਨੀਪੁਰ ਤੋਂ ਦੋ - ਦੋ ਮੈਂਬਰ ਸ਼ਾਮਲ ਨੇ। ਮੇਘਾਲਿਆ ਤੇ ਛੱਤੀਸਗੜ੍ਹ, ਮਿਜ਼ੋਰਮ, ਨਾਗਾਲੈਂਡ, ਸਿੱਕਮ, ਤ੍ਰਿਪੁਰਾ, ਅੰਡੇਮਾਨ ਤੇ ਨਿਕੋਬਾਰ ਦੀਪ ਸਮੂਹ, ਜੰਮੂ-ਕਸ਼ਮੀਰ, ਲਕਸ਼ਦੀਪ ਅਤੇ ਪੁਡੂਚੇਰੀ ਵਿੱਚ ਇੱਕ-ਇੱਕ ਸੀਟ ਲਈ ਚੋਣਾਂ ਹੋਣਗੀਆਂ। ਉਮੀਦਵਾਰ 27 ਮਾਰਚ ਤੱਕ ਨਾਮਜ਼ਦਗੀ ਪੱਤਰ ਦਾਖਲ ਕਰ ਸਕਦੇ ਨੇ ਜਦਕਿ ਪਹਿਲੇ ਗੇੜ ਦੀ ਵੋਟਿੰਗ 19 ਅਪ੍ਰੈਲ ਨੂੰ ਹੋਵੇਗੀ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਆਦਰਸ਼ ਚੋਣ ਜ਼ਾਬਤੇ

ਐਮ.ਸੀ.ਸੀ. ਨੂੰ ਸਹੀ ਅਤੇ ਸੁਚੱਜੇ ਢੰਗ ਨਾਲ ਲਾਗੂ ਕਰਨ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ ਏ ਤਾਂ ਜੋ ਸੂਬੇ ਵਿੱਚ ਸੁਤੰਤਰ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਯਕੀਨੀ ਬਣਾਈਆਂ ਜਾ ਸਕਣ। ਲੋਕ ਸਭਾ ਚੋਣਾਂ - 2024 ਦੀਆਂ ਤਿਆਰੀਆਂ ਸਬੰਧੀ ਚੰਡੀਗੜ੍ਹ ਸਥਿਤ ਆਪਣੇ ਦਫ਼ਤਰ ਵਿਖੇ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੱਸਿਆ ਕਿ 16 ਤੋਂ 18 ਮਾਰਚ ਤੱਕ ਸੂਬੇ ਭਰ ਵਿੱਚ 24,433 ਕੰਧ ਲਿਖਤਾਂ, 15,653 ਪੋਸਟਰਾਂ, 7,511 ਬੈਨਰਾਂ ਅਤੇ 23,916 ਜਾਇਦਾਦਾਂ ਤੇ ਲਿਖੀਆਂ ਹੋਰ ਲਿਖਤਾਂ ਨੂੰ ਹਟਾਇਆ ਗਿਆ ਏ। ਉਨ੍ਹਾਂ ਕਿਹਾ ਕਿ ਬਲ ਤੇ ਪੈਸੇ ਦੀ ਤਾਕਤ ਦੀ ਦੁਰਵਰਤੋਂ ਰੋਕਣ ਲਈ ਵਿਆਪਕ ਉਪਰਾਲੇ ਕੀਤੇ ਗਏ ਨੇ। ਉਨ੍ਹਾਂ ਦੱਸਿਆ ਕਿ ਕੇਂਦਰੀ ਬਲਾਂ ਦੀਆਂ 25 ਕੰਪਨੀਆਂ ਤਾਇਨਾਤ ਕਰ ਦਿੱਤੀਆਂ ਗਈਆਂ ਨੇ ਅਤੇ ਇਲਾਕੇ ਦੀ ਸੰਵੇਦਨਸ਼ੀਲਤਾਂ ਦੇ ਆਧਾਰ 'ਤੇ ਵਾਧੂ ਤਾਇਨਾਤੀਆਂ ਕੀਤੀਆਂ ਜਾਣਗੀਆਂ। ਸਿਬਿਨ ਸੀ ਨੇ ਦੱਸਿਆ ਕਿ ਸੂਬੇ ਵਿੱਚ ਇੱਕ ਮਜ਼ਬੂਤ ਜ਼ਬਤੀ ਪ੍ਰਬੰਧਨ ਪ੍ਰਣਾਲੀ ਲਾਗੂ ਕੀਤੀ ਗਈ ਏ, ਜਿਸ ਦੇ ਨਤੀਜੇ ਵਜੋਂ ਬੀਤੇ ਪਹਿਲੀ ਮਾਰਚ ਤੋਂ ਹੁਣ ਤੱਕ 113.45 ਕਰੋੜ ਰੁਪਏ

ਦੀਆਂ ਜ਼ਬਤੀਆਂ ਹੋਈਆਂ ਨੇ। ਉਨ੍ਹਾਂ ਅੱਗੇ ਦੱਸਿਆ ਕਿ ਸੀ-ਵਿਜੀਲ ਐਪ ਰਾਹੀਂ ਮਿਲੀਆਂ 119 ਸ਼ਿਕਾਇਤਾਂ ਵਿੱਚੋਂ 86 ਹੱਲ ਕਰ ਦਿੱਤੀਆਂ ਗਈਆਂ ਨੇ। ਇਸ ਤੋਂ ਇਲਾਵਾ ਅੰਤਰ-ਰਾਜੀ ਨਾਕਿਆਂ 'ਤੇ ਸੀਸੀਟੀਵੀ ਕੈਮਰੇ ਲਗਾਏ ਗਏ ਨੇ ਅਤੇ ਜਰੂਰੀ ਉਪਕਰਨਾਂ ਨਾਲ ਲੈਸ ਫਲਾਇੰਗ ਸਕੁਐਡ ਅੰਤਰ-ਜ਼ਿਲ੍ਹਾ ਚੌਕੀਆਂ 'ਤੇ ਤਾਇਨਾਤ ਕੀਤੇ ਗਏ ਨੇ। ਸਿਬਿਨ ਸੀ ਨੇ ਕਿਹਾ ਕਿ ਸੂਬੇ ਦੇ 24,433 ਪੋਲਿੰਗ ਸਟੇਸ਼ਨਾਂ ਵਿੱਚੋਂ 2,416 ਨੂੰ ਹੁਣ ਤੱਕ ਸੰਵੇਦਨਸ਼ੀਲ ਵਜੋਂ ਪਛਾਣਿਆ ਗਿਆ ਏ, ਜਿਨ੍ਹਾਂ ਨੂੰ ਵਾਧੂ ਸੁਰੱਖਿਆ ਉਪਾਵਾਂ ਦੀ ਜਰੂਰਤ ਏ। ਸਾਰੇ ਪੋਲਿੰਗ ਸਟੇਸ਼ਨਾਂ 'ਤੇ ਸੀਸੀਟੀਵੀ ਇੰਸਟਾਲੇਸ਼ਨ ਅਤੇ ਕੇਂਦਰੀਕ੍ਰਿਤ ਨਿਗਰਾਨੀ ਲਾਗੂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਪ੍ਰਾਪਤ ਕਰਨ ਲਈ 12,000 ਪੋਲਿੰਗ ਸਟੇਸ਼ਨਾਂ ਉੱਤੇ ਖ਼ਾਸ ਤਵੱਜੋ ਦਿੱਤੀ ਜਾ ਰਹੀ ਏ, ਜਿੱਥੇ ਸਨ 2019 ਵਿੱਚ ਮਤਦਾਨ ਕੌਮੀ ਤੇ ਸੂਬੇ ਦੇ ਹੋਰਨਾਂ ਹਿੱਸਿਆਂ ਦੀ ਔਸਤ ਨਾਲੋਂ ਘੱਟ ਰਿਹਾ ਸੀ। ਸਿਬਿਨ ਸੀ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਅਧਿਕਾਰੀਆਂ-ਕਮ-ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਗਈ ਏ ਕਿ ਉਹ ਪੋਲਿੰਗ ਸਟੇਸ਼ਨਾਂ 'ਤੇ ਪੀਣ ਵਾਲੇ ਪਾਣੀ, ਪਖਾਨੇ,

ਦਿਸ਼ਾ ਸੂਚਕ, ਰੈਂਪ/ਵ੍ਹੀਲ ਚੇਅਰ, ਹੈਲਪ ਡੈਸਕ, ਵੋਟਰ ਸੁਵਿਧਾ ਕੇਂਦਰ, ਜਰੂਰੀ ਰੋਸ਼ਨੀ ਅਤੇ ਸ਼ੈੱਡ ਦੀ ਸਹੂਲਤ ਯਕੀਨੀ ਬਣਾਉਣ । ਉਨ੍ਹਾਂ ਦੱਸਿਆ ਕਿ ਬੀਤੇ ਪਹਿਲੀ ਮਾਰਚ ਤੱਕ ਪੰਜਾਬ ਵਿੱਚ ਕੁੱਲ 2,12,71,246 ਵੋਟਰ ਨੇ ਅਤੇ ਡੁਪਲੀਕੇਟ ਵੋਟ ਰੋਕਣ ਲਈ ਵੋਟਰ ਸੂਚੀ ਦੀ ਵਿਸ਼ੇਸ਼ ਸੰਖੇਪ ਸੁਧਾਈ ਦੌਰਾਨ ਵਿਸ਼ੇਸ਼ ਯਤਨ ਕੀਤੇ ਗਏ ਨੇ । ਇਸ ਤੋਂ ਇਲਾਵਾ ਵੋਟਰ ਸੂਚੀ ਸੁਧਾਈ ਦੇ ਹਰ ਪੜਾਅ 'ਤੇ ਸਿਆਸੀ ਪਾਰਟੀਆਂ ਨਾਲ ਨਿਯਮਤ ਮੀਟਿੰਗਾਂ ਕੀਤੀਆਂ ਗਈਆਂ ਨੇ ਅਤੇ ਉਨ੍ਹਾਂ ਨੂੰ ਇਤਰਾਜ਼ ਦੇਣ ਦਾ ਮੌਕਾ ਦਿੱਤਾ ਗਿਆ ਏ । ਸਿਬਿਨ ਸੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਮੀਡੀਆ ਚੋਣ ਕਮਿਸ਼ਨ ਦੀਆਂ ਅੱਖਾਂ ਤੇ ਕੰਨਾਂ ਵਜੋਂ ਕੰਮ ਕਰੇ ਤਾਂ ਜੋ ਚੋਣਾਂ ਆਜ਼ਾਦ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹੀਆਂ ਜਾ ਸਕਣ । ਮੁੱਖ ਚੋਣ ਅਧਿਕਾਰੀ ਨੇ ਵਚਨਬੱਧਤਾ ਪ੍ਰਗਟਾਈ ਕਿ ਉਹ ਮੀਡੀਆ ਨਾਲ ਸਰਗਰਮੀ ਨਾਲ ਜੁੜੇ ਰਹਿਣਗੇ ਅਤੇ ਮੀਡੀਆ ਰਾਹੀਂ ਮਹੱਤਵਪੂਰਨ ਜਾਣਕਾਰੀਆਂ ਲੋਕਾਂ ਤੱਕ ਪੁੱਜਦੀਆਂ ਕਰਨਗੇ ।

---------------------------------------------------------------

ਪੰਜਾਬ ਵਿਚ ਲੋਕਸਭਾ ਚੋਣਾਂ 2024 ਲਈ ਪੋਲਿੰਗ ਸਤਵੇਂ ਤੇ ਆਖਰੀ

ਗੇੜ ਵਿਚ ਪਹਿਲੀ ਜੂਨ ਨੂੰ ਹੋਣੀ ਏ। ਇਸ ਲਈ ਨੋਟੀਫਿਕੇਸ਼ਨ ਮਈ ਚ ਜਾਰੀ ਕੀਤਾ ਜਾਵੇਗਾ। ਸੂਬੇ ਵਿਚ ਵੋਟਰਾਂ ਦੀ ਕੁਲ ਗਿਣਤੀ 2 ਕਰੋੜ 78 ਲੱਖ ਤੋਂ ਵੱਧ ਏ।

**ਵੇਰਵੇ ਨਾਲ ਇਹ ਰਿਪੋਰਟ:**

***ਡਿਸਪੈਚ: ਪੰਜਾਬ ਵਿਚ ਪਹਿਲੀ ਵਾਰ ਵੋਟ ਦੇ ਹੱਕ ਦੀ ਵਰਤੋਂ ਕਰਨ ਵਾਲੇ 18 ਤੋਂ 19 ਸਾਲ ਦੇ ਵਿਚਕਾਰ ਦੇ ਵੋਟਰਾਂ ਦੀ ਗਿਣਤੀ 4 ਲੱਖ 90 ਹਜ਼ਾਰ ਦੇ ਕਰੀਬ ਏ। ਇਨਾਂ ਵਿਚ ਸਬ ਤੋਂ ਵੱਧ ਨੌਜਵਾਨ ਵੋਟਰ ਸਰਹੱਦੀ ਲੋਕਸਭਾ ਹਲਕੇ ਗੁਰਦਾਸਪੁਰ ਵਿਚ 48 ਹਜ਼ਾਰ ਤੋਂ ਕੁਝ ਵੱਧ ਨੇ ਜਦਕਿ ਇਸੇ ਵਰਗ ਵਿਚ ਸਬ ਤੋਂ ਘੱਟ ਵੋਟਰ ਲੁਧਿਆਣਾ ਲੋਕਸਭਾ ਹਲਕੇ ਵਿਚ ਕੋਈ 31 ਹਜ਼ਾਰ ਨੇ। ਭਾਰਤ ਚੋਣ ਕਮਿਸ਼ਨ ਲੋਕਸਭਾ ਚੋਣਾਂ 2024 ਵਿਚ ਪਹਿਲੀ ਵਾਰ ਵੋਟ ਪਾਉਣ ਵਾਲਿਆਂ ਨੂੰ ਖਾਸ ਤੌਰ ਤੇ ਉਤਸ਼ਾਹਤ ਕਰ ਰਿਹਾ ਏ ਅਤੇ ਇਸੇ ਲੜੀ ਵਿਚ ਇਨਾਂ ਵੋਟਰਾਂ ਨੂੰ ਬੀ ਐਲ ਓ ਵਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸੇ ਤਰ੍ਹਾਂ ਨਾਲ 85 ਸਾਲ ਤੋਂ ਵੱਧ ਉਮਰ ਦੇ ਵੋਟਰਾਂ ਦੀ ਗਿਣਤੀ ਦੋ ਲੱਖ 55 ਹਜ਼ਾਰ ਤੋਂ ਵੱਧ ਏ ਅਤੇ ਇਨਾਂ ਵਿਚ ਸੌ ਸਾਲ ਤੋਂ***

ਵੱਧ ਉਮਰ ਵਾਲੇ ਵੋਟਰ ਪੰਜ ਹਜ਼ਾਰ ਇਕ ਸੋ ਤੋਂ ਵੱਧ ਨੇ। ਇਹ ਸਾਰੇ ਬਜ਼ੁਰਗ ਵੋਟਰ ਆਪਣੇ ਘਰ ਤੋਂ ਹੀ ਵੋਟ ਪਾ ਸਕਣਗੇ। ਏਧਰ ਲੁਧਿਆਣਾ ਵਿਚ ਜ਼ਿਲ੍ਹਾ ਚੋਣ ਦਫ਼ਤਰ ਦੇ ਸਹਿਯੋਗ ਨਾਲ ਗੈਰ-ਸਰਕਾਰੀ ਸੰਸਥਾ ਇਨੀਸ਼ੀਏਟਰਜ਼ ਆਫ਼ ਚੇਂਜ ਵੱਲੋਂ ਆਪਣੀ ਮੁਹਿੰਮ 'ਆਈ ਵੋਟ ਆਈ ਲੀਡ' ਤਹਿਤ ਸ਼ਹਿਰ ਦੇ ਨਾਗਰਿਕਾਂ ਵਿੱਚ ਵੱਧ ਤੋਂ ਵੱਧ ਵੋਟਰ ਜਾਗਰੂਕਤਾ ਪੈਦਾ ਕਰਨ ਅਤੇ ਲੋਕ ਸਭਾ ਚੋਣਾਂ ਵਿੱਚ ਵੱਧ ਤੋਂ ਵੱਧ ਮਤਦਾਨ ਯਕੀਨੀ ਬਣਾਉਣ ਲਈ ਮੁਹਿੰਮ ਦਾ ਆਗਾਜ਼ ਕੀਤਾ ਗਿਆ ਏ। ਇਸ ਤਹਿਤ ਚੋਣ ਦਫ਼ਤਰ ਅਤੇ ਸੰਸਥਾ ਦੀ ਟੀਮ ਲੋਕਾਂ ਨੂੰ ਆਪਣੀ ਰਜਿਸਟਰੇਸ਼ਨ ਕਰਵਾਉਣ ਅਤੇ ਜਾਗਰੂਕ ਕਰਨ ਲਈ ਨੁੱਕੜ ਨਾਟਕ ਦਾ ਆਯੋਜਨ ਕਰ ਰਹੀ ਏ। ਚੋਣ ਦਫ਼ਤਰ ਦੇ ਅਧਿਕਾਰੀ ਲੋਕਾਂ ਨੂੰ ਈ.ਵੀ.ਐਮ. ਅਤੇ ਵੀ.ਵੀ. ਪੈਟ ਦਾ ਡੈਮੋ ਦੇ ਰਹੇ ਨੇ। ਸੰਸਥਾ ਦੇ ਟਰੱਸਟੀ ਮਿਥਿਲ ਗੋਇਲ ਅਨੁਸਾਰ ਵੱਧ ਤੋਂ ਵੱਧ ਉਤਪਾਦਕਤਾ ਅਤੇ ਮਜ਼ਬੂਤ ਲੋਕਤੰਤਰ ਯਕੀਨੀ ਬਣਾਉਣ ਲਈ ਨਾਗਰਿਕਾਂ ਨੂੰ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਦੀ

***ਜਰੂਰਤ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਫਰੀਦਕੋਟ ਜ਼ਿਲੇ ਦੇ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਜ਼ਿਲ੍ਹਾ ਪੱਧਰ 'ਤੇ ਗਠਿਤ ਕੀਤੀਆਂ ਵੱਖ-ਵੱਖ ਟੀਮਾਂ ਦੇ ਨੋਡਲ ਅਫ਼ਸਰਾਂ ਨਾਲ ਅੱਜ ਮੀਟਿੰਗ ਕਰਦਿਆਂ ਸਖਤ ਹਦਾਇਤ ਕੀਤੀ ਕਿ ਸਾਰੇ ਨੋਡਲ ਅਫ਼ਸਰ ਚੋਣ ਪ੍ਰਕਿਰਿਆ ਨੂੰ ਤਨਦੇਹੀ ਅਤੇ ਲਗਨ ਨਾਲ ਮੁਕੰਮਲ ਕਰਨ ਵਿਚ ਆਪਣਾ ਯੋਗਦਾਨ ਦੇਣ । ਉਨ੍ਹਾਂ ਕਿਹਾ ਕਿ ਇਸ ਅਹਿਮ ਕਾਰਜ ਵਿਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਇਸ ਦੌਰਾਨ ਉਨ੍ਹਾਂ ਸਮੂਹ ਨੋਡਲ ਅਫ਼ਸਰਾਂ ਤੋਂ ਉਨ੍ਹਾਂ ਵਲੋਂ ਕੀਤੀ ਗਈ ਤਿਆਰੀ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ । ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਫ਼ਰੀਦਕੋਟ ਲੋਕ ਸਭਾ ਹਲਕੇ ਵਿਚ ਜ਼ਿਲ੍ਹਾ ਪੱਧਰ 'ਤੇ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ । ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਨੂੰ ਇੰਨ-ਬਿੰਨ ਲਾਗੂ

ਕਰਵਾਇਆ ਜਾਵੇ ਅਤੇ ਇਸ ਵਿਚ ਕਿਸੇ ਵੀ ਪ੍ਰਕਾਰ ਦੀ ਢਿੱਲ ਨਾ ਵਰਤੀ ਜਾਵੇ।

---------------------------------------------------------

ਗੁਰਦਾਸਪੁਰ ਦੇ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਵੀਪ ਗਤੀਵਿਧੀਆਂ ਰਾਹੀਂ ਨੌਜਵਾਨਾਂ ਸਮੇਤ ਹਰ ਵਰਗ ਦੇ ਵੋਟਰਾਂ ਨੂੰ ਵੋਟ ਪਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਏ ਅਤੇ ਜ਼ਿਲ੍ਹੇ ਦੀਆਂ ਵੱਖ-ਵੱਖ ਸਿੱਖਿਆ ਸੰਸਥਾਵਾਂ ਵਿੱਚ ਸਵੀਪ ਦੀਆਂ ਗਤੀਵਿਧੀਆਂ ਚੱਲ ਰਹੀਆਂ ਨੇ। ਇਸ ਤਹਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਿਜਨਲ ਕੈਂਪ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਦਾ ਪ੍ਰਣ ਲਿਆ ਗਿਆ। ਇਸਦੇ ਨਾਲ ਵੋਟਰ ਜਾਗਰੂਕਤਾ ਤਹਿਤ ਕੁੜੀਆਂ ਦੇ ਮਹਿੰਦੀ ਮੁਕਾਬਲੇ ਅਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਵਿਦਿਆਰਥੀਆਂ ਨੇ ਸਮੂਹ ਵੋਟਰਾਂ ਨੂੰ 'ਇਸ ਵਾਰ 70 ਪਾਰ' ਦਾ ਸੁਨੇਹਾ ਦਿੰਦਿਆਂ ਅਪੀਲ ਕੀਤੀ ਆਓ ਸਾਰੇ ਮਿਲ ਕੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰੀਏ

ਅਤੇ ਆਪਣੇ ਦੇਸ਼ ਦੇ ਲੋਕਤੰਤਰ ਦੀ ਮਜ਼ਬੂਤ ਵਿੱਚ ਆਪਣਾ ਯੋਗਦਾਨ ਪਾਈਏ।

---

ਅਮਰੀਕਾ ਵਿਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਅੱਜ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ ਹੋ ਗਏ। ਨਵੀਂ ਦਿੱਲੀ ਸਥਿਤ ਭਾਜਪਾ ਹੈਡਕੁਆਰਟਰ ਵਿਖੇ ਪਾਰਟੀ ਦੇ ਜਨਰਲ ਸਕੱਤਰ ਵਿਨੋਦ ਤਾਵੜੇ ਤੇ ਤਰੁਣ ਚੁੱਘ ਅਤੇ ਪਾਰਟੀ ਆਗੂ ਮਨਜਿੰਦਰ ਸਿੰਘ ਸਿਰਸਾ ਵੀ ਇਸ ਮੌਕੇ ਮੌਜੂਦ ਰਹੇ। ਇਸ ਮੌਕੇ ਉਨਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਨੇੜਿਓਂ ਕੰਮ ਕੀਤਾ ਏ ਅਤੇ ਪੀ ਐਮ ਮੋਦੀ ਵਿਕਾਸ 'ਤੇ ਕੇਂਦਰਿਤ ਨੇ। ਉਨਾਂ ਕਿਹਾ ਕਿ ਅੱਜ ਵਿਕਾਸ ਦੀ ਬਹੁਤ ਜ਼ਰੂਰਤ ਏ ਅਤੇ ਇਹ ਵਿਕਾਸ ਅੰਮ੍ਰਿਤਸਰ ਵਿੱਚ ਏ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਉਹ ਪਾਰਟੀ ਪ੍ਰਧਾਨ, ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਦਾ ਧੰਨਵਾਦ ਕਰਦਾ ਨੇ ਜਿਨ੍ਹਾਂ ਨੇ ਉਨਾਂ ਨੂੰ ਦੇਸ਼ ਦੀ ਸੇਵਾ ਦੇ ਨਵੇਂ ਰਾਹ 'ਤੇ ਚੱਲਣ ਲਈ ਉਤਸ਼ਾਹਿਤ ਕੀਤਾ ਜਿਸ ਵਿੱਚ ਕਿ ਉਹ ਦਾਖਲ ਹੋ ਰਿਹਾ ਨੇ।

-----------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਨੇ ਆਪਣੇ 19ਵੇਂ ਸਥਾਪਨਾ ਦਿਵਸ ਤੇੋ ਆਈ.ਕੇ.ਜੀ ਪੰਜਾਬ ਟੈਕਨੀਕਲ ਯੂਨੀਵਰਸਿਟੀ ਨਾਲ ਮਿਲਕੇ ਸਾਂਝੇ ਤੌਰ ਤੇ ਇਨੋਟੈਕ-2024 ਦਾ ਆਯੋਜਨ ਕੀਤਾ। ਪੰਜਾਬ ਭਰ ਦੇ ਇੰਜੀਨੀਅਰਿਗ ਅਤੇ ਪੌਲੀਟੈਕਨਿਕ ਕਾਲਜਾਂ ਦੇ 400 ਤੋਂ ਵੱਧ ਵਿਦਿਆਰਥੀਆਂ ਨੇ ਇਸ ਵਿਚ ਵੱਖ-ਵੱਖ ਮਾਡਲਾਂ ਰਾਹੀ ਨਵੀਆਂ -ਨਵੀਆਂ ਕਾਢਾਂ ਤੇ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਐਨ.ਆਈ.ਟੀ ਜਲੰਧਰ ਅਤੇ ਥਾਪਰ ਕਾਲਜ ਪਟਿਆਲਾ ਦੇ ਮਾਹਿਰਾਂ ਦੀ ਟੀਮ ਨੇ ਇਨਾਂ ਮਾਡਲਾਂ ਦਾ ਨਿਰੀਖਣ ਕੀਤਾ। ਆਈ.ਕੇ.ਜੀ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਉੱਪ-ਕੁਲਪਤੀ ਡਾ. ਸੁਸ਼ੀਲ ਮਿੱਤਲ ਇਸ ਮੌਕੇ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਉਨਾਂ ਨੌਜਵਾਨਾਂ ਨੂੰ ਬੇਮਿਸਾਲ ਯੁਕਤ੍ਹਾਂ ਅਤੇ ਤਕਨੀਕੀ ਤਰੱਕੀ ਵੱਲ ਵਧਣ ਦਾ ਸੱਦਾ ਦਿੱਤਾ ਅਤੇ ਸਥਾਈ ਵਿਕਾਸ ਦੇ ਟੀਚਿਆਂ ਦੀ ਪ੍ਰਾਪਤੀ ਦੇ ਨਾਲ—ਨਾਲ ਉਤਪਾਦਕਤਾ ਵਧਾਉਣ, ਆਰਥਿਕਤਾ ਵਿਚ ਬਦਲਾਅ, ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ, ਸਿਹਤ ਸੰਭਾਲ ਦੀਆਂ ਸਹੂਲਤਾਂ ਨੂੰ ਅੱਗੇ ਵਧਾਉਣ, ਖੇਤੀਬਾੜੀ

ਦੇ ਢੰਗ ਤਰੀਕਿਆਂ ਵਿਚ ਸਥਿਰਤਾ ਨਾਲ ਭੋਜਨ ਸੁਰੱਖਿਆ ਯਕੀਨੀ ਬਣਾਉਣ ਅਤੇ ਰਹਿਣ—ਸਹਿਣ ਵਿਚ ਸੁਧਾਰ ਲਈ ਵਿਗਿਆਨ, ਤਕਨਾਲੋਜੀ ਤੇ ਨਵੀਨਤਾ ਦੀ ਭੂਮਿਕਾ ਉਪਰ ਜ਼ੋਰ ਦਿੱਤਾ। ਸਾਇੰਸ ਸਿਟੀ ਦੇ ਡਾਇਰੈਕਟਰ ਡਾ.ਰਾਜੇਸ਼ ਗਰੋਵਰ ਨੇ ਜਲਵਾਯੂ ਪਰਿਵਰਤਨ ਤੋਂ ਲੈ ਕੇ ਵਿਸ਼ਵ ਪੱਧਰ ਤੇ ਪਾਈਆਂ ਜਾ ਰਹੀਆਂ ਸਿਹਤ ਨਾਲ ਸਬੰਧਤ ਦੁਨੀਆਂ ਨੂੰ ਦਰਪੇਸ਼ ਚੁਣੌਤੀਆਂ ਤੋਂ ਨੌਜਵਾਨ ਇੰਜੀਨੀਅਰਾਂ ਨੂੰ ਜਾਣੂ ਕਰਵਾਇਆ।

---

**<u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>**

- ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਨੋਟੀਫਿਕੇਸ਼ਨ ਭਲਕੇ 20 ਮਾਰਚ ਨੂੰ ਜਾਰੀ ਕੀਤਾ ਜਾਵੇਗਾ। ਇਸ ਗੇੜ ਵਿੱਚ 17 ਸੂਬਿਆਂ ਅਤੇ ਚਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 120 ਲੋਕ ਸਭਾ ਸੀਟਾਂ ਲਈ ਚੋਣਾਂ ਹੋਣਗੀਆਂ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਸੁਤੰਤਰ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਯਕੀਨੀ ਬਣਾਉਣ ਲਈ

ਆਦਰਸ਼ ਚੋਣ ਜ਼ਾਬਤੇ ਨੂੰ ਸਹੀ ਤੇ ਸੁਚੱਜੇ ਢੰਗ ਨਾਲ ਲਾਗੂ ਕਰਨ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ ਏ।

- ਅਮਰੀਕਾ ਵਿਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ।

**ਇਸਦੇ ਨਾਲ ਹੀ ਪ੍ਰਦੇਸ਼ਿਕ ਖਬਰਾਂ ਖਤਮ ਹੋਈਆਂ, ਨਮਸਕਾਰ !**